**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 10-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਲਮੀ ਸਮੱਸਿਆਵਾਂ ਦੇ ਸਥਾਨਕ ਹੱਲ ਲੱਭਣ 'ਤੇ ਜ਼ੋਰ ਦਿੱਤਾ ਏ। ਪ੍ਰਧਾਨ ਮੰਤਰੀ ਨੇ ਅੱਜ ਨਵੀਂ ਦਿੱਲੀ ਵਿੱਚ ਨਵੇਂ ਬਣੇ ਅਨੁਸੰਧਾਨ ਨੈਸ਼ਨਲ ਰਿਸਰਚ ਫਾਊਂਡੇਸ਼ਨ (ANRF) ਦੀ ਪਹਿਲੀ ਗਵਰਨਿੰਗ ਬੋਰਡ ਮੀਟਿੰਗ ਦੀ ਪ੍ਰਧਾਨਗੀ ਕੀਤੀ।
- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਕੇਂਦਰ ਨੇ ਸਾਈਬਰ ਅਪਰਾਧ ਨਾਲ ਨਜਿੱਠਣ ਲਈ, ਅਗਲੇ ਪੰਜ ਸਾਲਾਂ ਵਿੱਚ ਪੰਜ ਹਜ਼ਾਰ ਸਾਈਬਰ ਕਮਾਂਡੋਜ਼ ਨੂੰ ਸਿਖਲਾਈ ਦੇਣ ਦੀ ਯੋਜਨਾ ਬਣਾਈ ਏ।

- ਬੀਜੇਪੀ ਨੇ ਅੱਜ ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਦੀ ਅਮਰੀਕਾ ਦੌਰੇ ਦੌਰਾਨ, ਸਿੱਖ ਭਾਈਚਾਰੇ ਬਾਰੇ ਕੀਤੀ ਕਥਿਤ ਟਿੱਪਣੀ ਨੂੰ ਲੈ ਕੇ ਸਖ਼ਤ ਨਿਖੇਧੀ ਕੀਤੀ ਏ।
- ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦਾ ਕਹਿਣਾ ਏ ਕਿ ਇਸ ਵਾਰ ਖੇਤੀਬਾੜੀ ਵਿਭਾਗ ਵੱਲੋਂ ਝੋਨੇ ਦੀ ਵਾਢੀ ਦੀ ਰੁਤ ਦੇ ਸ਼ੁਰੂ ਹੋਣ ਤੋਂ ਪਹਿਲਾਂ ਸੂਬੇ ਵਿੱਚ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਅਗਾਹੂੰ ਪ੍ਰਬੰਧ ਕੀਤੇ ਗਏ ਨੇ ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਲਮੀ ਸਮੱਸਿਆਵਾਂ ਦੇ ਸਥਾਨਕ ਹੱਲ ਲੱਭਣ 'ਤੇ ਜ਼ੋਰ ਦਿੱਤਾ ਏ। ਪ੍ਰਧਾਨ ਮੰਤਰੀ ਨੇ ਅੱਜ ਨਵੀਂ ਦਿੱਲੀ ਵਿੱਚ ਨਵੇਂ ਬਣੇ ਅਨੁਸੰਧਾਨ ਨੈਸ਼ਨਲ ਰਿਸਰਚ ਫਾਊਂਡੇਸ਼ਨ (ANRF) ਦੀ ਪਹਿਲੀ ਗਵਰਨਿੰਗ ਬੋਰਡ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਦੌਰਾਨ ਪ੍ਰਧਾਨ ਮੰਤਰੀ ਨੇ ਉਨ੍ਹਾਂ ਰੁਕਾਵਟਾਂ ਦੀ ਪਛਾਣ ਕਰਨ ਲਈ ਕਿਹਾ ਜੋ ਖੋਜ ਸਿਲਸਿਲਿਆਂ ਦੇ ਰਾਹ ਵਿੱਚ ਰੁਕਾਵਟ ਬਣ ਰਹੀਆਂ

ਨੇ ਅਤੇ ਇਨ੍ਹਾਂ ਸਮੱਸਿਆਵਾਂ ਨੂੰ ਦੂਰ ਕਰਨ ਲਈ ਕਦਮ ਚੁੱਕਣ ਲਈ ਕਿਹਾ। ਸੰਸਥਾਵਾਂ ਦੇ ਪੱਧਰ ਨੂੰ ਉੱਚਾ ਚੁੱਕਣ ਅਤੇ ਮਾਨਕੀਕਰਨ ਦੀ ਮੰਗ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਖੋਜ ਅਤੇ ਵਿਕਾਸ ਦੀ ਪ੍ਰਗਤੀ ਨੂੰ ਟਰੈਕ ਕਰਨ ਲਈ ਡੋਮੇਨ ਮਾਹਿਰਾਂ ਦੀ ਇੱਕ ਸੂਚੀ ਅਤੇ dashboard ਵਿਕਸਤ ਕਰਨ ਦਾ ਸੁਝਾਅ ਦਿੱਤਾ। ਪ੍ਰਧਾਨ ਮੰਤਰੀ ਨੇ ਖੋਜ ਅਤੇ ਨਵੀਨਤਾ ਲਈ ਸਰੋਤਾਂ ਦੀ ਵਰਤੋਂ ਦੀ ਵਿਗਿਆਨਕ ਨਿਗਰਾਨੀ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਵਿਗਿਆਨਕ ਭਾਈਚਾਰੇ ਨੂੰ ਵਿਸ਼ਵਾਸ ਹੋਣਾ ਚਾਹੀਦਾ ਏ ਕਿ, ਉਨ੍ਹਾਂ ਦੇ ਯਤਨਾਂ ਲਈ ਸਰੋਤਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

---------------------------------------------------------

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਸਾਈਬਰ ਸੁਰੱਖਿਆ ਨੂੰ ਰਾਸ਼ਟਰੀ ਸੁਰੱਖਿਆ ਦਾ ਅਨਿੱਖੜਵਾਂ ਅੰਗ ਦੱਸਦੇ ਹੋਏ ਕਿਹਾ ਏ ਕਿ, ਕੇਂਦਰ ਨੇ ਸਾਈਬਰ ਅਪਰਾਧ ਨਾਲ ਨਜਿੱਠਣ ਲਈ, ਅਗਲੇ ਪੰਜ ਸਾਲਾਂ ਵਿੱਚ ਪੰਜ ਹਜ਼ਾਰ ਸਾਈਬਰ ਕਮਾਂਡੋਜ਼ ਨੂੰ ਸਿਖਲਾਈ ਦੇਣ ਦੀ ਯੋਜਨਾ ਬਣਾਈ ਏ। ਉਨ੍ਹਾਂ ਇਹ ਗੱਲ ਨਵੀਂ ਦਿੱਲੀ ਵਿੱਚ, ਭਾਰਤੀ ਸਾਈਬਰ

ਅਪਰਾਧ ਤਾਲਮੇਲ ਕੇਂਦਰ (I4C) ਦੇ ਪਹਿਲੇ ਸਥਾਪਨਾ ਦਿਵਸ ਸਮਾਰੋਹ ਨੂੰ ਸੰਬੋਧਨ ਕਰਦਿਆਂ ਕਹੀ। ਸ੍ਰੀ ਸ਼ਾਹ ਨੇ ਰੇਖਾਂਕਿਤ ਕੀਤਾ ਕਿ ਸਾਈਬਰ ਸੁਰੱਖਿਆ ਤੋਂ ਬਿਨਾਂ ਦੇਸ਼ ਦੀ ਤਰੱਕੀ ਸੰਭਵ ਨਹੀਂ ਏ। ਸ੍ਰੀ ਸ਼ਾਹ ਨੇ ਇਸ ਖਤਰੇ ਨਾਲ ਨਜਿੱਠਣ ਲਈ, ਸਾਰੇ ਹਿੱਸੇਦਾਰਾਂ ਨੂੰ ਇਕੱਠੇ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਈਬਰ ਅਪਰਾਧ ਦੀ ਕੋਈ ਸੀਮਾ ਨਹੀਂ ਏ। ਵੱਖ-ਵੱਖ ਖੇਤਰਾਂ ਵਿੱਚ ਇੰਟਰਨੈਟ ਦੀ ਵੱਧ ਰਹੀ ਵਰਤੋਂ 'ਤੇ ਚਾਨਣਾ ਪਾਉਂਦੇ ਹੋਏ, ਸ੍ਰੀ ਸ਼ਾਹ ਨੇ ਕਿਹਾ ਕਿ ਦੇਸ਼ ਵਿੱਚ ਡਿਜੀਟਲ ਲੈਣ-ਦੇਣ ਅਤੇ ਡਿਜੀਟਲ ਡੇਟਾ ਦੀ ਵਰਤੋਂ ਦਿਨ-ਬ-ਦਿਨ ਵੱਧ ਰਹੀ ਏ। ਇਸ ਕਾਰਨ ਸਾਈਬਰ ਸੁਰੱਖਿਆ ਨਾਲ ਜੁੜੇ ਲੋਕਾਂ ਦੀਆਂ ਜ਼ਿੰਮੇਵਾਰੀਆਂ ਵਧ ਗਈਆਂ ਨੇ। ਸ੍ਰੀ ਸ਼ਾਹ ਨੇ ਕਿਹਾ ਕਿ ਹਾਲ ਹੀ ਵਿੱਚ ਲਾਗੂ ਕੀਤੇ ਗਏ ਤਿੰਨ ਨਵੇਂ ਅਪਰਾਧਿਕ ਕਾਨੂੰਨਾਂ ਵਿੱਚ, ਦੇਸ਼ 'ਚ ਸਾਈਬਰ ਅਪਰਾਧ ਨਾਲ ਸਬੰਧਤ ਚੁਣੌਤੀਆਂ ਨਾਲ ਨਜਿੱਠਣ ਲਈ ਢੁਕਵੇਂ ਪ੍ਰਬੰਧ ਨੇ। ਇਸ ਮੌਕੇ ਮੰਤਰੀ ਨੇ ਸਾਈਬਰ ਕ੍ਰਾਈਮ ਵਿਰੁੱਧ ਸੁਰੱਖਿਆ ਲਈ ਅਹਿਮ ਪਹਿਲਕਦਮੀਆਂ ਦੀ ਸ਼ੁਰੂਆਤ ਕੀਤੀ ਅਤੇ ਸਾਈਬਰ ਧੋਖਾਧੜੀ ਦੇ ਮੁਕਾਬਲੇ ਲਈ ਕੇਂਦਰ, ਦੇਸ਼ ਨੂੰ ਸਮਰਪਿਤ ਕੀਤਾ। ਸ੍ਰੀ ਸ਼ਾਹ ਨੇ ਵੈੱਬ-

ਆਧਾਰਿਤ ਮੋਡੀਊਲ Samanvaya ਨੂੰ ਲਾਂਚ ਕੀਤਾ, ਜੋ ਕਿ ਸਾਈਬਰ ਅਪਰਾਧ ਦੇ ਅੰਕੜਿਆਂ, ਇਹਨਾਂ ਨੂੰ ਸਾਂਝਾ ਕਰਨ, ਨਿਸ਼ਾਨਦੇਹੀ ਅਤੇ ਵਿਸ਼ਲੇਸ਼ਣ ਲਈ ਇੱਕ ਮੰਚ ਏ ਅਤੇ ਨਾਲ ਹੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਲਈ ਇੱਕ ਤਾਲਮੇਲ ਸਾਧਨ ਏ। ਸਾਈਬਰ ਸੁਰੱਖਿਆ ਨੂੰ ਵਧਾਉਣ ਲਈ ਰਾਜਾਂ ਅਤੇ ਕੇਂਦਰ ਪਰਬੰਧਿਤ ਪ੍ਰਦੇਸ਼ਾਂ ਅਤੇ ਕੇਂਦਰੀ ਪੁਲਿਸ ਸੰਗਠਨਾਂ ਵਿੱਚ ਸਿਖਲਾਈ ਪ੍ਰਾਪਤ ਮਾਹਿਰਾਂ ਦੀ ਇੱਕ ਸ਼ਾਖਾ ਦੀ ਸਥਾਪਨਾ ਕਰਨ ਲਈ 'ਸਾਈਬਰ ਕਮਾਂਡੋਜ਼' ਪ੍ਰੋਗਰਾਮ ਦਾ ਵੀ ਉਦਘਾਟਨ ਕੀਤਾ ਗਿਆ।  ਸ੍ਰੀ ਸ਼ਾਹ ਨੇ ਬੈਂਕਾਂ ਅਤੇ ਮਾਲੀ ਮਾਧਿਅਮਾਂ ਦੇ ਸਹਿਯੋਗ ਨਾਲ ਰਾਸ਼ਟਰੀ ਸਾਈਬਰ ਅਪਰਾਧ ਰਿਪੋਰਟਿੰਗ ਪੋਰਟਲ ਦੇ ਅਧਾਰ 'ਤੇ ਪਛਾਣਕਰਤਾਵਾਂ ਦੀ ਇੱਕ ਰਜਿਸਟਰੀ ਬਣਾ ਕੇ ਧੋਖਾਧੜੀ ਜੋਖਮ ਪ੍ਰਬੰਧਨ ਨੂੰ ਮਜ਼ਬੂਤ ਕਰਨ ਲਈ, ਇੱਕ ਪਹਿਲਕਦਮੀ 'Suspect Registry' ਦੀ ਸ਼ੁਰੂਆਤ ਕੀਤੀ ਏ।

---------------------------------------------------------------

ਬੀਜੇਪੀ ਨੇ ਅੱਜ ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਦੀ ਅਮਰੀਕਾ ਦੌਰੇ ਦੌਰਾਨ, ਸਿੱਖ ਭਾਈਚਾਰੇ ਬਾਰੇ ਕੀਤੀ ਕਥਿਤ ਟਿੱਪਣੀ

ਨੂੰ ਲੈ ਕੇ ਸਖ਼ਤ ਨਿੰਦਾ ਕੀਤੀ ਏ। ਸ੍ਰੀ ਗਾਂਧੀ ਨੇ ਕਿਹਾ ਏ ਕਿ, ਉਨ੍ਹਾਂ ਦੀ ਲੜਾਈ ਇਸ ਮੁੱਦੇ ’ਤੇ ਏ ਕਿ, ਕੀ ਭਾਰਤ ਵਿੱਚ ਸਿੱਖ ਭਾਈਚਾਰੇ ਦੇ ਲੋਕਾਂ ਨੂੰ ਦਸਤਾਰ ਸਜਾਉਣ ਦੀ ਇਜਾਜ਼ਤ ਦਿੱਤੀ ਜਾਵੇਗੀ ਜਾਂ ਨਹੀਂ। ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਬੀਜੇਪੀ ਦੇ ਸੀਨੀਅਰ ਨੇਤਾ ਅਤੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ ਸ੍ਰੀ ਗਾਂਧੀ ਦੀਆਂ ਟਿੱਪਣੀਆਂ ’ਤੇ ਇਤਰਾਜ਼ ਜਤਾਇਆ। ਸ੍ਰੀ ਗਾਂਧੀ ਦੀਆਂ ਟਿੱਪਣੀਆਂ ਨੂੰ ਰੱਦ ਕਰਦਿਆਂ, ਕੇਂਦਰੀ ਮੰਤਰੀ ਨੇ ਇਲਜ਼ਾਮ ਲਾਇਆ ਕਿ ਜਦੋਂ ਕਾਂਗਰਸ ਸੱਤਾ ਵਿੱਚ ਸੀ ਤਾਂ ਭਾਈਚਾਰਾ ਅਸੁਰੱਖਿਅਤ ਮਹਿਸੂਸ ਕਰਦਾ ਸੀ। ਸ੍ਰੀ ਪੁਰੀ ਨੇ 1984 ਦੇ ਸਿੱਖ ਦੰਗਿਆਂ ਦਾ ਜ਼ਿਕਰ ਕਰਦਿਆਂ, ਰਾਹੁਲ ਗਾਂਧੀ ਦੀ ਨੁਕਤਾਚੀਨੀ ਕੀਤੀ। ਸ੍ਰੀ ਪੁਰੀ ਨੇ ਕਿਹਾ ਕਿ ਨਰੇਂਦਰ ਮੋਦੀ ਸਰਕਾਰ ਨੇ ਪਿਛਲੇ ਦਸ ਸਾਲਾਂ ਵਿੱਚ ਸਿੱਖ ਭਾਈਚਾਰੇ ਦੀਆਂ ਮੰਗਾਂ ਅਤੇ ਮਸਲਿਆਂ ਵੱਲ ਵਿਸ਼ੇਸ਼ ਧਿਆਨ ਦਿੱਤਾ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੱਧ ਤੋਂ ਵੱਧ ਲੋਕਾਂ ਨੂੰ ਪਦਮ ਪੁਰਸਕਾਰਾਂ ਲਈ ਪ੍ਰੇਰਣਾਦਾਇਕ ਹਸਤੀਆਂ ਨੂੰ ਨਾਮਜ਼ਦ ਕਰਨ ਦੀ

ਅਪੀਲ ਕੀਤੀ ਏ। ਨਾਮਜ਼ਦ ਕਰਨ ਦੀ ਆਖਰੀ ਤਰੀਕ 15 ਸਤੰਬਰ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਇਹ ਸਾਂਝਾ ਕਰਦਿਆਂ ਖੁਸ਼ੀ ਜ਼ਾਹਰ ਕੀਤੀ ਕਿ ਕਈ ਨਾਮਜ਼ਦਗੀਆਂ ਪ੍ਰਾਪਤ ਹੋਈਆਂ ਨੇ। ਉਨ੍ਹਾਂ ਕਿਹਾ ਕਿ ਪਿਛਲੇ ਇੱਕ ਦਹਾਕੇ ਵਿੱਚ ਸਰਕਾਰ ਨੇ ਜ਼ਮੀਨੀ ਪੱਧਰ ਦੇ ਅਣਗਿਣਤ ਲੋਕਾਂ ਨੂੰ ਪਦਮ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਏ। ਉਨ੍ਹਾਂ ਕਿਹਾ ਕਿ ਪੁਰਸਕਾਰ ਜੇਤੂਆਂ ਦੇ ਜ਼ਿੰਦਗੀ ਦੇ ਸਫ਼ਰ ਨੇ ਅਣਗਿਣਤ ਲੋਕਾਂ ਨੂੰ ਪ੍ਰੇਰਿਤ ਕੀਤਾ ਏ। ਪੁਰਸਕਾਰਾਂ ਲਈ ਚੋਣ ਨੂੰ ਹੋਰ ਪਾਰਦਰਸ਼ੀ ਬਣਾਉਣ ਲਈ, ਸਰਕਾਰ ਲੋਕਾਂ ਨੂੰ ਵੱਖ-ਵੱਖ ਪਦਮ ਪੁਰਸਕਾਰਾਂ ਲਈ ਹੋਰ ਵਿਅਕਤੀਆਂ ਨੂੰ ਨਾਮਜ਼ਦ ਕਰਨ ਦੀ ਅਪੀਲ ਕਰ ਰਹੀ ਏ। ਨਾਮਜ਼ਦਗੀਆਂ awards.gov.in ਤੇ ਜਮ੍ਹਾਂ ਕੀਤੀਆਂ ਜਾ ਸਕਦੀਆਂ ਨੇ।

---------------------------------------------------------

ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਝੋਨੇ ਦੀ ਵਾਢੀ ਦੇ ਸੀਜ਼ਨ ਦੇ ਸ਼ੁਰੂ ਹੋਣ ਤੋਂ ਪਹਿਲਾਂ ਇਸ ਵਾਰ ਖੇਤੀਬਾੜੀ ਵਿਭਾਗ ਵੱਲੋਂ ਸੂਬੇ ਵਿੱਚ ਪਰਾਲੀ ਨੂੰ ਅੱਗ

ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਅਗਾਹੂੰ ਪ੍ਰਬੰਧ ਕੀਤੇ ਗਏ ਨੇ। ਵਿਭਾਗ ਵੱਲੋਂ ਖੇਤੀਬੜੀ ਰਹਿੰਦ-ਖੂੰਹਦ ਪ੍ਰਬੰਧਨ ਲਈ ਹੁਣ ਤੱਕ 11 ਹਜ਼ਾਰ 52 ਮਸ਼ੀਨਾਂ ਲਈ 6,377 ਮਨਜ਼ੂਰੀ ਪੱਤਰ ਜਾਰੀ ਕੀਤੇ ਗਏ ਨੇ ਤਾਂ ਜੋ ਪਰਾਲੀ ਦੇ ਸੁਚੱਜੇ ਪ੍ਰਬੰਧ ਵਿੱਚ ਕਿਸਾਨਾਂ ਦੀ ਸਹਾਇਤਾ ਕੀਤੀ ਜਾ ਸਕੇ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਪਰਾਲੀ ਦੇ ਸੁਚਾਰੂ ਪ੍ਰਬੰਧਨ ਲਈ ਕਿਸਾਨਾਂ ਵੱਲੋਂ ਹੁਣ ਤੱਕ 5 ਹਜ਼ਾਰ 534 ਸੀ.ਆਰ.ਐਮ ਮਸ਼ੀਨਾਂ ਖ਼ਰੀਦੀਆਂ ਜਾ ਚੁੱਕੀਆਂ ਨੇ। ਉਨ੍ਹਾਂ ਦੱਸਿਆ ਕਿ ਸੀ.ਆਰ.ਐਮ ਮਸ਼ੀਨਾਂ ਵਿੱਚ ਸੁਪਰ ਸੀਡਰ ਮਸ਼ੀਨਾਂ ਦੀ ਮੰਗ ਸਭ ਤੋਂ ਵੱਧ ਏ ਅਤੇ ਇਹਨਾਂ ਮਸ਼ੀਨਾਂ ਲਈ 4 ਹਜ਼ਾਰ 945 ਮਨਜ਼ੂਰੀ ਪੱਤਰ ਜਾਰੀ ਕੀਤੇ ਗਏ ਨੇ। ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਕਿਸਾਨਾਂ ਨੂੰ ਮਸ਼ੀਨਾਂ ਲੈਸ ਕਰਨ ਅਤੇ ਹੋਰ ਰਣਨੀਤੀਆਂ ਲਾਗੂ ਕਰਨ ਲਈ 500 ਕਰੋੜ ਰੁਪਏ ਦੀ ਕਾਰਜ ਯੋਜਨਾ ਉਲੀਕੀ ਏ। ਉਨ੍ਹਾਂ ਕਿਹਾ ਕਿ ਸੀਆਰਐਮ ਮਸ਼ੀਨਾਂ ਮਿੱਟੀ ਦੀ ਗੁਣਵੱਤਾ ਅਤੇ ਉਪਜਾਊ ਸ਼ਕਤੀ ਨੂੰ ਸੁਰੱਖਿਅਤ ਰੱਖਣ ਦੇ ਨਾਲ ਖੇਤਾਂ ਨੂੰ ਸੁਚੱਜੇ ਢੰਗ

ਨਾਲ ਸਾਫ਼ ਕਰਨ ਵਿੱਚ ਕਿਸਾਨਾਂ ਦੀ ਸਹਾਇਤਾ ਕਰਕੇ ਟਿਕਾਊ ਖੇਤੀ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਨੇ ਗੁਰਮੀਤ ਸਿੰਘ ਖੁੱਡੀਆਂ ਨੇ ਸੂਬੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੀ.ਆਰ.ਐਮ ਮਸ਼ੀਨਾਂ 'ਤੇ ਦਿੱਤੀ ਜਾ ਰਹੀ ਸਬਸਿਡੀ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਪਰਾਲੀ ਸਾੜਨ ਦੀ ਸਮੱਸਿਆ ਨੂੰ ਰੋਕਣ ਲਈ ਇਹਨਾਂ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਨੂੰ ਯਕੀਨੀ ਬਣਾਉਣ ।

--------------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਫਾਜ਼ਿਲਕਾ ਦੇ ਮੁੱਖ ਖੇਤੀਬਾੜੀ ਅਫਸਰ ਸੰਦੀਪ ਰਿਣਵਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਸਬੰਧੀ ਪਿੰਡ ਮੌਜਗੜ੍ਹ ਬਲਾਕ ਖੂਈਆਂ ਸਰਵਰ ਵਿਖੇ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ। ਜਿਸ ਵਿੱਚ ਵਿਜੈ ਪਾਲ ਖੇਤੀਬਾੜੀ ਵਿਕਾਸ ਅਫਸਰ ਕੱਲਰ ਖੇੜਾ ਵੱਲੋਂ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਬਾਰੇ ਜਾਗਰੂਕ ਕਰਦੇ ਹੋਏ ਪਰਾਲੀ ਨੂੰ ਬਿਨਾ ਸਾੜੇ ਖੇਤੀ ਸੰਦਾਂ ਦੀ ਵਰਤੋਂ ਨਾਲ ਖੇਤ ਵਿੱਚ ਹੀ ਜਜ਼ਬ ਕਰਨ ਜਾਂ ਬਾਗਾਂ ਵਿੱਚ ਮਲਚਿੰਗ ਕਰਨ ਅਤੇ ਵੱਖ ਵੱਖ ਖੇਤੀ ਸੰਦਾਂ ਜਿਵੇਂ

ਸੁਪਰ ਸੀਡਰ, ਹੈਪੀ ਸੀਡਰ ਅਤੇ ਸਰਫੇਸ ਸੀਡਰ ਨਾਲ ਕਣਕ ਦੀ ਬਿਜਾਈ ਕਰਨ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਨਾਲ ਉਨ੍ਹਾਂ ਵੱਲੋਂ ਵਿਭਾਗ ਦੀਆਂ ਵੱਖ ਵੱਖ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਗੁਰਵਿੰਦਰ ਸਿੰਘ ਖੇਤੀਬਾੜੀ ਉੱਪ ਨਿਰੀਖਕ ਵੱਲੋਂ ਨਰਮੇ ਅਤੇ ਝੋਨੇ ਦੀ ਕਾਸ਼ਤ ਸੰਬੰਧੀ ਨੁਕਤਿਆਂ ਦੇ ਨਾਲ ਨਾਲ ਇਨ੍ਹਾਂ ਫਸਲਾਂ ਦੇ ਕੀੜਿਆਂ ਅਤੇ ਬਿਮਾਰੀਆਂ ਅਤੇ ਉਨ੍ਹਾਂ ਦੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ ਗਈ।

----------------------------------------------------------

ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਜ਼ਿਲ੍ਹਾ ਮੋਗਾ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਆਪਣੇ ਦਫ਼ਤਰ ਵਿਖੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਅਤੇ ਹਦਾਇਤਾਂ ਜਾਰੀ ਕੀਤੀਆਂ। ਉਹਨਾਂ ਕਿਹਾ ਕਿ ਜੋ ਕੰਮ ਮਨਜ਼ੂਰ ਹੋ ਗਏ ਨੇ ਅਤੇ ਉਹਨਾਂ ਦੇ ਫੰਡ ਪ੍ਰਾਪਤ ਹੋ ਚੁੱਕੇ ਨੇ , ਉਹਨਾਂ ਵਿੱਚ ਦੇਰੀ ਕਿਸੇ ਵੀ ਹੀਲੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਹਰੇਕ ਕੰਮ ਚਾਲੂ ਕਰਨ ਅਤੇ ਮੁਕੰਮਲ ਕਰਨ ਲਈ ਤੈਅ ਕੀਤੀ ਸਮਾਂ ਸੀਮਾ ਦੀ ਪਾਲਣਾ ਕਰਨੀ

ਲਾਜ਼ਮੀ ਏ । ਡਿਪਟੀ ਕਮਿਸ਼ਨਰ ਨੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਛੱਪੜਾਂ ਦੀ ਸਫਾਈ ਬਹੁਤ ਜ਼ਰੂਰੀ ਏ । ਡਿਪਟੀ ਕਮਿਸ਼ਨਰ ਨੇ ਜ਼ੋਰ ਦੇ ਕੇ ਕਿਹਾ ਕਿ ਹਰੇਕ ਪਿੰਡ ਵਿੱਚ ਘੱਟੋ ਘੱਟ ਇਕ ਖੇਡ ਮੈਦਾਨ ਹੋਣਾ ਲਾਜ਼ਮੀ ਏ । ਉਹਨਾਂ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਹਰਜਿੰਦਰ ਸਿੰਘ ਨੂੰ ਕਿਹਾ ਕਿ ਉਹ ਹੋਰ ਪਿੰਡਾਂ ਦੀ ਪਛਾਣ ਕਰਨ ਜਿੱਥੇ ਕੋਈ ਵੀ ਖੇਡ ਮੈਦਾਨ ਨਹੀਂ ਏ । ਤਾਂ ਜੋ ਅਜਿਹੇ ਪਿੰਡਾਂ ਵਿੱਚ ਵੀ ਖੇਡ ਮੈਦਾਨ ਬਣਵਾਉਣ ਲਈ ਪੰਜਾਬ ਸਰਕਾਰ ਨੂੰ ਲਿਖਿਆ ਜਾ ਸਕੇ । ਇਸੇ ਤਰ੍ਹਾਂ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ) ਤਹਿਤ ਬਣ ਰਹੇ 73 ਘਰਾਂ ਦੇ ਕੰਮ ਨੂੰ ਵੀ ਮੁਕੰਮਲ ਕਰਨ ਬਾਰੇ ਕਿਹਾ ਗਿਆ। ਡਿਪਟੀ ਕਮਿਸ਼ਨਰ ਨੇ ਸਮੂਹ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਕੰਮ 15 ਅਕਤੂਬਰ ਤੋਂ ਪਹਿਲਾਂ ਪਹਿਲਾਂ ਮੁਕੰਮਲ ਕਰਨੇ ਯਕੀਨੀ ਬਣਾਉਣ ।

---------------------------------------------------------------

## <u>ਆਖਿਰ ਵਿਚ ਖ਼ਾਸ ਖਬਰਾਂ ਇਕ ਵਾਰ ਫਿਰ ਤੋਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਲਮੀ ਸਮੱਸਿਆਵਾਂ ਦੇ ਸਥਾਨਕ ਹੱਲ ਲੱਭਣ 'ਤੇ ਜ਼ੋਰ ਦਿੱਤਾ ਏ। ਪ੍ਰਧਾਨ ਮੰਤਰੀ ਨੇ ਅੱਜ ਨਵੀਂ ਦਿੱਲੀ ਵਿੱਚ ਨਵੇਂ ਬਣੇ ਅਨੁਸੰਧਾਨ ਨੈਸ਼ਨਲ ਰਿਸਰਚ ਫਾਊਂਡੇਸ਼ਨ (ANRF) ਦੀ ਪਹਿਲੀ ਗਵਰਨਿੰਗ ਬੋਰਡ ਮੀਟਿੰਗ ਦੀ ਪ੍ਰਧਾਨਗੀ ਕੀਤੀ।
- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਕੇਂਦਰ ਨੇ ਸਾਈਬਰ ਅਪਰਾਧ ਨਾਲ ਨਜਿੱਠਣ ਲਈ, ਅਗਲੇ ਪੰਜ ਸਾਲਾਂ ਵਿੱਚ ਪੰਜ ਹਜ਼ਾਰ ਸਾਈਬਰ ਕਮਾਂਡੋਜ਼ ਨੂੰ ਸਿਖਲਾਈ ਦੇਣ ਦੀ ਯੋਜਨਾ ਬਣਾਈ ਏ।
- ਬੀਜੇਪੀ ਨੇ ਅੱਜ ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਦੀ ਅਮਰੀਕਾ ਦੌਰੇ ਦੌਰਾਨ, ਸਿੱਖ ਭਾਈਚਾਰੇ ਬਾਰੇ ਕੀਤੀ ਕਥਿਤ ਟਿੱਪਣੀ ਨੂੰ ਲੈ ਕੇ ਸਖ਼ਤ ਨਿਖੇਧੀ ਕੀਤੀ ਏ।
- ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦਾ ਕਹਿਣਾ ਏ ਕਿ ਇਸ ਵਾਰ ਖੇਤੀਬਾੜੀ ਵਿਭਾਗ ਵੱਲੋਂ ਝੋਨੇ ਦੀ ਵਾਢੀ ਦੀ ਰੁਤ ਦੇ ਸ਼ੁਰੂ ਹੋਣ ਤੋਂ ਪਹਿਲਾਂ ਸੂਬੇ ਵਿੱਚ

ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਅਗਾਹੂੰ ਪ੍ਰਬੰਧ ਕੀਤੇ ਗਏ ਨੇ।